# ਅਰਦਾਸ

**ੴ ਵਾਹਿਗੁਰੂ ਜੀ ਕੀ ਫਤਹਿ।ਸ੍ਰੀ ਭਗੌਤੀ ਜੀ ਸਹਾਇ।**

*Ek-Oankar. Waheguroo Ji Ki Fateh - - Sri Bhagouti ji Sahai*

**ਵਾਰ ਸ੍ਰੀ ਭਗੌਤੀ ਜੀ ਕੀ ਪਾਤਸ਼ਾਹੀ ੧੦।**

*Vaar Sri Bhagouti Ji Ki Paatshaahee Dasvee*

**ਪ੍ਰਿਥਮ ਭਗੌਤੀ ਸਿਮਰ ਕੈ ਗੁਰ ਨਾਨਕ ਲਈ ਧਿਆਇ।**

*Pritham Bhagouti Simar Kai, Guru Naanak Layee Dhiyae*

**ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ ਸਹਾਇ।**

*Angad Gur Te Amar Das, Raamdaasai Hoye Sahai*

**ਅਰਜਨ ਹਰਗੋਬਿੰਦ ਨੋ ਸਿਮਰੌ ਸ੍ਰੀ ਹਰਿਰਾਇ।**

*Arjan Hargobind No Simrou Sri Har Rai*

**ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸ ਡਿਠੇ ਸਭਿ ਦੁਖਿ ਜਾਇ।**

*Sri HarKrishan Dhiyaa-eeai Jis Dhithi Sabh Dukh Jaye*

**ਤੇਗ ਬਹਾਦੁਰ ਸਿਮਰੀਐ ਘਰ ਨਉ ਨਿਧਿ ਆਵੈ ਧਾਇ।ਸਭ ਥਾਈਂ ਹੋਇ ਸਹਾਇ।**

*Teg Bahadur Simareeai Ghar No Nidh Avai Dhai, Sabh Thai Ho-e Sahaai*

**ਦਸਵਾ ਪਾਤਿਸ਼ਾਹ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਸਭ ਥਾਈਂ ਹੋਇ ਸਹਾਇ।**

*Dasvaa Paatshaah Guru Gobind Singh Ji Sabh Thai Ho-e Sahaai*

**ਦਸਾਂ ਪਾਤਿਸ਼ਾਹੀਆ ਦੀ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਦੇ ਪਾਠ ਦੀਦਾਰ ਦਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ।**

*Dasa Paatsaaheea Di Jot Sri Guru Granth Sahib Ji, De Paath Deedaar Daa Dhiyaan Dhar Ke Bolo Ji Waheguroo*

---

**ਪੰਜਾਂ ਪਿਆਰਿਆਂ, ਚੌਹਾਂ ਸਾਹਿਬਜ਼ਾਦਿਆਂ, ਚਾਲ੍ਹੀਆਂ ਮੁਕਤਿਆਂ, ਹਠੀਆਂ, ਜਪੀਆਂ, ਤਪੀਆਂ,**
**ਜਿਨ੍ਹਾ ਨਾਮ ਜਪਿਆਂ, ਵੰਡ ਛਕਿਆਂ, ਦੇਗ ਚਲਾਈ, ਤੇਗ ਵਾਹੀ, ਦੇਖ ਕੇ ਅਣਡਿੱਤ ਕੀਤਾ**
**ਤਿਨ੍ਹਾਂ ਪਿਆਰਿਆਂ, ਸਚਿਆਰਿਆਂ ਦੀ ਕਮਾਈ ਦਾ ਧਿਆਨ ਧਰ ਕੇ**
**ਬੋਲੋ ਜੀ ਵਾਹਿਗੁਰੂ ।**

*Panja Piyariya, Chauhaa Sahibzadiya, Chaliya Mukhtiya, Huthiya, Jupiya, Tupiya, Jina Nam Jupiya, Vand Shakiya, Deg Chalaaee, Teg Vaahee, Dekh Ke Andhith Keetaa, Tinhaa Piariyaa, Sachiaariyaa Dee Kamaaee, Da Dhiyaan Dhar Ke Bolo Ji Waheguroo*

**ਜਿਨ੍ਹਾਂ ਸਿੰਘਾਂ ਸਿੰਘਣੀਆਂ ਨੇ ਧਰਮ ਹੇਤ ਸੀਸ ਦਿਤੇ, ਬੰਦ ਬੰਦ ਕਟਾਏ, ਖੋਪਰੀਆਂ ਲੁਹਾਈਆਂ, ਚਰਖੜੀਆਂ ਤੇ ਚੜ੍ਹੇ, ਆਰਿਆਂ ਨਾਲ ਚਿਰਾਏ ਗਏ, ਗੁਰਦੁਆਰਿਆਂ ਦੀ ਸੇਵਾ ਲਈ ਕੁਰਬਾਨੀਆਂ ਕੀਤੀਆਂ,**
**ਧਰਮ ਨਹੀ ਹਾਰਿਆਂ, ਸਿੱਖੀ ਕੇਸਾਂ ਸੁਆਸਾਂ ਨਾਲ ਨਿਬਾਹੀ, ਤਿਨ੍ਹਾ ਦੀ ਕਮਾਈ ਦਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ ।**

*Jinaa Singhaa Singhneeyaa Ne Dharam Het Sees Dithe, Bund Bund Kuttai, Khopriya Luhayiya, Charukriya Te Churhe, Aariaa Naal Chiraae Ge, Gurdwaraiya Di Seva Layee Kurbaniya Keethiya, Dharam Nehee Haariye, Sikhi Kesaa Suwaasaa Naal Nibaahee, Tina Dee Kamaaee Daa Dhiyaan Dhar Ke Bolo Ji Waheguroo*

**ਪੰਜਾ ਤਖ਼ਤਾਂ, ਸਰਬੱਤ ਗੁਰਦੁਆਰਿਆਂ ਦਾ ਧਿਆਨ ਧਰ ਕੇ ਬੋਲੋ ਜੀ ਵਾਹਿਗੁਰੂ ।**

*Punjaa Takhtan Sarbat Gurdwariya Daa Dhiyaan Dhur Ke Bolo Ji Waheguroo*

**ਪ੍ਰਿਥਮੇ ਸਰਬੱਤ ਖ਼ਾਲਸਾ ਜੀ ਕੀ ਅਰਦਾਸ ਹੈ ਜੀ, ਸਰਬੱਤ ਖ਼ਾਲਸਾ ਜੀ ਕੋ, ਵਾਹਿਗੁਰੂ ਵਾਹਿਗੁਰੂ ਵਾਹਿਗੁਰੂ। ਚਿੱਤ ਆਵਨ ਕਾ ਸਦਕਾ, ਸਰਬ ਸੁਖ ਹੋਵੇ ।**

*Prithme Sarbat Khaalsaa Ji Ki Ardaas Hai Ji, Sarbat Khaalsaa Ji Ko Waheguroo Waheguroo Waheguroo Chit Aavai Chit Aavan Ka Sadkaa Surab Sukh Hovai*

**ਜਹਾਂ ਜਹਾਂ ਖ਼ਾਲਸਾ ਜੀ ਸਾਹਿਬ, ਤਹਾਂ ਤਹਾਂ ਰਛਿਆਂ ਰਿਆਇਤ, ਦੇਗ ਤੇਗ ਫਤਹਿ, ਬਿਰਦ ਕੀ ਪੈਜ, ਪੰਥ ਕੀ ਜੀਤ, ਸ੍ਰੀ ਸਾਹਿਬ ਜੀ ਸਹਾਇ ਖ਼ਾਲਸੇ ਜੀ ਕੇ ਬੋਲ ਬਾਲੇ, ਬੋਲੋ ਜੀ ਵਾਹਿਗੁਰੂ।**

*Jahaa Jahaa Khaalsaa Ji Saahib, Tahaa Tahaa Ruchhiya Riyaa-it, Deg Teg Fateh, Bira Ki Paij, Panth Ki Jeet, Sree Saahib Ji Sahaai Khaalse Ji Ko Bol Baaley,*
*Bolo Ji Waheguroo*

**ਸਿੱਖਾਂ ਨੂੰ ਸਿੱਖੀ ਦਾਨ, ਕੇਸ ਦਾਨ, ਰਹਿਤ ਦਾਨ, ਬਿਬੇਕ ਦਾਨ, ਭਰੋਸਾ ਦਾਨ,**
**ਦਾਨਾਂ ਸਿਰ ਦਾਨ ਨਾਮ ਦਾਨ,**
**ਚੌਂਕੀਆ ਝੰਡੇ ਬੁੰਗੇ ਜੁਗੋ ਜੁਗ ਅਟੱਲ, ਧਰਮ ਕਾ ਜੈਕਾਰ**
**ਬੋਲੋ ਜੀ ਵਾਹਿਗੁਰੂ।**

*Sikhaa Noo Sikhee Daan, Kesh Daan, Rehit Daan, Bibek Daan, Bharosaa Daan,*
*Daanaa Sir Daan Naam Daan,*
*Chounkiyaa Jhande Bunge Jugo Jug Attal, Dharam Ka Jai Kaar*
*Bolo Ji Waheguroo*

**ਸਿਖਾਂ ਦਾ ਮਨ ਨੀਵਾਂ, ਮਤ ਉਚੀ, ਮਤ ਪਤ ਦਾ ਰਾਖਾ ਆਪਿ ਵਾਹਿਗੁਰੂ।**

*Sikhaa Daa Man Neevaa, Mat Uchee, Mat Pat Daa Raakhaa Aap Waheguroo*

**ਹੇ ਅਕਾਲ ਪੁਰਖ ਆਪਣੇ ਪੰਥ ਦੇ ਸਦਾ ਸਹਾਈ ਦਾਤਾਰ ਜੀਓ॥ ਸ੍ਰੀ ਨਨਕਾਣਾ ਸਾਹਿਬ ਤੇ ਹੋਰ ਗੁਰਦੁਆਰਿਆਂ ਗੁਰਧਾਮਾਂ ਦੇ, ਜਿਨ੍ਹਾਂ ਤੋਂ ਪੰਥ ਨੂੰ ਵਿਛੋੜਿਆ ਗਿਆ ਹੈ, ਖੁਲ੍ਹੇ ਦਰਸ਼ਨ ਦੀਦਾਰ ਤੇ ਸੇਵਾ ਸੰਭਾਲ ਦਾ ਦਾਨ ਖ਼ਾਲਸਾ ਜੀ ਨੂੰ ਬਖਸ਼ੋ॥**

*Hei Akaal-Purakh, Apne Panth De Sada Sahai Datar Jio || Sri Nankaanaa Sahib Tae Hor Gurdvaareaan, Gurdhaamaan Dae Jinhaan Ton Panth Noon Vichhor-eaa Geaa Hai Khullhae Darshan Deedaara Tae Sevaa Sanbhaal Daa Daan Khaalsa Jee Noon Bakhsho ||*

**ਹੇ ਨਿਮਆਣਿਆ ਦੇ ਮਾਣ, ਨਿਤਾਣਿਆਂ ਦੇ ਤਾਣ, ਨਿਓਟਿਆਂ ਦੀ ਓਟ, ਸੱਚੇ ਪਿਤਾ ਵਾਹਿਗੁਰੂ** *Hey Nimaneeaa De Maan, Nitaneeaa De Taan, Nioteeaa Di Ot, Sachey Pita Waheguroo*

*** ਆਪਜੀ ਦੇ ਹਜ਼ੂਰ ਅੰਮ੍ਰਿਤ ਵੇਲ਼ੇ ਦੀ ਨਿਤਨੇਮ ਬਾਣੀਆਂ ਦੀ ਅਰਦਾਸ ਹੈ ਜੀ ।***

---

*** ਆਪਜੀ ਦੇ ਹਜ਼ੂਰ ਸੋਦਰ ਰਹਿਰਾਸ ਦੀ ਬਾਣੀ ਅਰਦਾਸ ਹੈ ਜੀ ।***

ਅੱਖਰ ਵਾਧਾ ਘਾਟਾ ਭੁੱਲ ਚੁੱਕ ਮੁਆਫ਼ ਕਰਨੀ ।ਅੱਗੇ ਤੋਂ ਸ਼ੁੱਧ ਅਤੇ ਸਪਸ਼ਟ ਪਾਠ ਕਰਨ ਦਾ ਬਲ ਬਖਸ਼ਣਾ

**ਸੇਈ ਪਿਆਰੇ ਮੇਲ, ਜਿਨ੍ਹਾਂ ਮਿਲਿਆਂ ਤੇਰਾ ਨਾਮ ਚਿੱਤ ਆਵੈ, ਨਾਨਕੁ ਨਾਮ ਚੜ੍ਹਦੀ ਕਲਾ, ਤੇਰੇ ਭਾਣੇ ਸਰਬੱਤ ਦਾ ਭਲਾ।**

*Seyee Piyare Mel, Jina Miliya Teraa Naam Chit Aavai, Naanak Naam Chardi Kala, Tere Bhaaney Sarbat Daa Bhalaa*

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ**

*Waheguroo Ji Ka Khaalsaa Waheguroo Ji Ki Fateh*